ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

# 2 ਅਕਤੂਬਰ ਨੂੰ ਸਵੱਛ ਭਾਰਤ ਮਿਸ਼ਨ ਦੀ ਮਨਾਈ ਜਾਵੇਗੀ ਤੀਜ਼ੀ ਵਰ੍ਹੇਗੰਢ-ਡੀ.ਸੀ.

## 'ਸਵੱਛਤਾ ਹੀ ਸੇਵਾ' ਤਹਿਤ 1 ਅਕਤੂਬਰ ਤੱਕ ਜ਼ਿਲ੍ਹੇ 'ਚ ਚਲਾਈ ਜਾਵੇਗੀ ਸਵੱਛਤਾ ਮੁੰਹਿਮ

## ਅਗਾਉਂ ਪ੍ਰਬੰਧਾਂ ਨੂੰ ਲੈ ਕੇ ਅਧਿਕਾਰੀਆਂ ਨਾਲ ਕੀਤੀ ਮੀਟਿੰਗ

ਫਾਜ਼ਿਲਕਾ 13 ਸਤੰਬਰ

ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੱਲੋਂ ਸ਼ੁਰੂ ਕੀਤੇ ਗਏ ਸਵੱਛ ਭਾਰਤ ਮਿਸ਼ਨ ਦੀ ਤੀਜ਼ੀ ਵਰ੍ਹੇਗੰਢ ਜ਼ਿਲ੍ਹੇ ਅੰਦਰ 2 ਅਕਤੂਬਰ ਨੂੰ ਮਨਾਈ ਜਾਵੇਗੀ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਸਵੱਛਤਾ ਮਿਸ਼ਨ ਤਹਿਤ ਜ਼ਿਲ੍ਹੇ ਨੂੰ ਸਾਫ-ਸੁਥਰਾ ਬਣਾਉਣ ਲਈ ਕੀਤੇ ਜਾਣ ਵਾਲੇ ਅਗਾਉ ਪ੍ਰਬੰਧਾਂ ਨੂੰ ਲੈ ਕੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਕੀਤੀ ਗਈ ਮੀਟਿੰਗ ਦੌਰਾਨ ਦਿੱਤੀ। ਇਸ ਮੌਕੇ ਉਨ੍ਹਾਂ ਅਧਿਕਾਰੀਆਂ ਨੂੰ ਆਪੋ-ਆਪਣੇ ਵਿਭਾਗ ਨਾਲ ਸਬੰਧਤ ਸਵੱਛਤਾ ਮਿਸ਼ਨ ਤਹਿਤ ਸੌਂਪੇ ਗਏ ਕੰਮਾਂ ਨੂੰ ਪੂਰੀ ਜਿੰਮੇਵਾਰੀ ਨਾਲ ਮੁਕੰਮਲ ਕਰਨ ਦੇ ਲੋੜੀਂਦੇ ਆਦੇਸ਼ ਦਿੱਤੇ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਵੱਛਤਾ ਮਿਸ਼ਨ ਤਹਿਤ ਮਨਾਈ ਜਾਣ ਵਾਲੀ ਤੀਜ਼ੀ ਵਰ੍ਹੇਗੰਢ ਤੋਂ ਪਹਿਲਾਂ ਜ਼ਿਲ੍ਹੇ ਅੰਦਰ 15 ਸਤੰਬਰ ਨੂੰ ਸਵੱਛਤਾ ਡਰਾਈਵ ਲਾਂਚ ਕੀਤਾ ਜਾਵੇਗਾ। ਇਸ ਸਬੰਧੀ ਲੀਡ ਬੈਂਕ ਮੈਨੇਜਰ ਨੂੰ ਜ਼ਿਲ੍ਹੇ ਦੇ ਸਮੂਹ ਪ੍ਰਾਈਵੇਟ ਤੇ ਸਰਕਾਰੀ ਬੈਂਕਾਂ ਨੂੰ ਇਸ ਡਰਾਈਵ ਤਹਿਤ ਸ਼ਾਮੂਲੀਅਤ ਕਰਨ ਦੀ ਹਦਾਇਤ ਕੀਤੀ। ਉਨ੍ਹਾਂ ਸਮੂਹ ਈ.ਓਜ਼ ਨੂੰ ਆਦੇਸ਼ ਦਿੱਤੇ ਕਿ ਉਹ ਪ੍ਰਾਈਵੇਟ ਦੁਕਾਨਦਾਰਾਂ, ਦਫਤਰਾਂ ਨੂੰ ਇਸ ਮੁੰਹਿਮ ਨੂੰ ਨੇਪਰੇ ਚੜ੍ਹਾਉਣ ਵਿੱਚ ਆਪਣਾ ਵੱਢਮੁੱਲਾ ਯੋਗਦਾਨ ਪਾਉਣ।

ਡਿਪਟੀ ਕਮਿਸ਼ਨਰ ਨੇ ਅੱਗੇ ਜਾਣਕਾਰੀ ਦਿੰਦਿਆ ਦੱਸਿਆ ਕਿ ਮਿਤੀ 17 ਸਤੰਬਰ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 12 ਵਜੇ ਤੱਕ ਸਵੱਛਤਾ ਮਿਸ਼ਨ ਤਹਿਤ ਸਬ ਡਵੀਜ਼ਨਲ ਮੈਜਿਸਟਰੇਟ ਤੇ ਉਨ੍ਹਾਂ ਵੱਲੋਂ ਚੁਣੇ ਹੋਏ ਨੁਮਾਇੰਦੇ ਅਤੇ ਐਨ.ਜੀ.ਓ. ਆਪੋ-ਆਪਣੇ ਅਧੀਨ ਪੈਂਦੇ ਏਰੀਏ 'ਚ ਸਵੱਛਤਾ ਮੁਹਿੰਮ ਨੂੰ ਨੇਪਰੇ ਚੜ੍ਹਾਉਣਗੇ। ਇਸੇ ਤਰ੍ਹਾਂ ਮਿਤੀ 24 ਸਤੰਬਰ ਨੂੰ ਸਵੇਰੇ 9 ਵਜੇ ਤੋਂ ਲੈ ਕੇ ਸ਼ਾਮ 5 ਵਜੇ ਤੱਕ ਸਾਰੇ ਵਿਭਾਗਾਂ ਦੇ ਕਰਮਚਾਰੀ ਤੇ ਅਧਿਕਾਰੀ ਆਪੋ-ਆਪਣੇ ਦਫਤਰਾਂ ਅਤੇ ਰਿਕਾਰਡ ਦੀ ਸਾਫ-ਸਫਾਈ ਵੀ ਕਰਨਗੇ। ਇਸ ਤੋਂ ਇਲਾਵਾ ਮਿਤੀ 25 ਸਤੰਬਰ ਨੂੰ ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਸਮੂਹ ਈ.ਓਜ਼ ਸੜਕਾਂ ਦੇ ਆਲੇ-ਦੁਆਲੇ ਪਏ ਕੂੜਾ-ਕਰਕਟ ਜਾਂ ਗੰਦਗੀ ਦੀ ਸਫਾਈ ਕਰਵਾਉਣਾ ਯਕੀਨੀ ਬਣਾਉਣਗੇ।

ਡਿਪਟੀ ਕਮਿਸ਼ਨਰ ਨੇ ਆਦੇਸ਼ ਦਿੱਤੇ ਕਿ ਇਸੇ ਤਰ੍ਹਾਂ ਮਿਤੀ 1 ਅਕਤੂਬਰ ਨੂੰ

ਸਬ ਡਵੀਜ਼ਨਲ ਮੈਜਿਸਟਰੇਟ ਤੇ ਈ.ਓਜ਼. ਟੀਮਾਂ ਬਣਾ ਕੇ ਜ਼ਿਲ੍ਹੇ ਦੇ ਖਾਸ ਸਥਾਨਾਂ ਜਿਵੇਂ ਕਿ ਘੰਟਾ ਘਰ ਚੌਂਕ, ਬਹੁਮਹਤੱਵੀ ਖੇਡ ਸਟੇਡੀਅਮ ਆਦਿ ਮੁੱਖ ਸਾਂਝੀਆਂ ਥਾਵਾਂ ਸਵੱਛਤਾ ਤਹਿਤ ਸਾਫ-ਸਫਾਈ ਕਰਵਾਉਣਾ ਯਕੀਨੀ ਬਣਾਉਣਗੇ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ(ਵਿ) ਸ੍ਰੀ ਰਣਬੀਰ ਸਿੰਘ ਮੁੱਧਲ, ਸਹਾਇਕ ਕਮਿਸ਼ਨਰ(ਅੰਡਰ ਟ੍ਰੇਨਿੰਗ) ਸ੍ਰੀ ਰਣਦੀਪ ਸਿੰਘ ਹੀਰ, ਐਸ.ਡੀ.ਐਮ. ਅਬੋਹਰ ਮਿਸ ਪੂਨਮ ਸਿੰਘ, ਜ਼ਿਲ੍ਹਾ ਮਾਲ ਅਫਸਰ ਸ੍ਰੀਮਤੀ ਪਰਮਜੀਤ ਕੌਰ, ਜ਼ਿਲ੍ਹੇ ਨਾਲ ਸਬੰਧਤ ਤਹਿਸੀਲਦਾਰ ਤੇ ਨਾਇਬ ਤਹਿਸੀਲਦਾਰ, ਸਮੂਹ ਈ.ਓਜ਼ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਅਧਿਕਾਰੀ ਹਾਜ਼ਰ ਸਨ।

